FD-FP-209(CMWP)/7/2025-2FP2

I/1095417/2025
09/05/2025

ਪੰਜਾਬ ਸਰਕਾਰ
ਵਿੱਤ ਵਿਭਾਗ
(ਵਿੱਤ ਪ੍ਰਸੋਨਲ-2 ਸ਼ਾਖਾ)

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ,
ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ
ਪੰਜਾਬ ਰਾਜ ਦੇ ਸਾਰੇ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ, ਜਿਲ੍ਹਾਂ ਅਤੇ ਸੈਸ਼ਨ ਜੱਜ,
ਸਮੂਹ ਡਿਪਟੀ ਕਮਿਸ਼ਨਰਜ਼ ਅਤੇ ਸੱਬ ਡਵੀਜਨਾਂ ਦੇ ਅਧਿਕਾਰੀ।

ਵਿਸ਼ਾ- **ਪੰਜਾਬ ਸਿਵਲ ਸੇਵਾਵਾਂ ਨਿਯਮ ਵਾਲਿਯੂਮ-1 ਭਾਗ-1 ਦੇ ਨਿਯਮ 2.16 (ਬੀ) ਅਧੀਨ ਮਜ਼ਬੂਰਨ ਉਡੀਕ ਸਮੇਂ ਨੂੰ ਰੈਗੂਲਰਾਈਜ਼ ਕਰਨ ਸਬੰਧੀ।**

************

ਸ੍ਰੀ ਮਾਨ ਜੀ/ਸ੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਇਸ ਵਿਭਾਗ ਦੇ ਪੱਤਰ ਨੰ. 9/22/2011-2ਐਫ.ਪੀ2/644 ਮਿਤੀ 31.10.2011 ਦੀ ਲਗਾਤਾਰਤਾ ਵਿੱਚ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਵਿੱਤ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਵੱਖ ਵੱਖ ਪ੍ਰਬੰਧਕੀ ਵਿਭਾਗਾਂ ਵੱਲੋਂ ਅਧਿਕਾਰੀਆਂ ਦੀ ਪੱਦਉਨਤੀ ਉਪਰੰਤ ਉਹਨਾਂ ਦੀ ਤੈਨਾਤੀ ਵਿੱਚ ਕਾਫੀ ਸਮਾਂ ਲੱਗ ਜਾਂਦਾ ਹੈ। ਜਿਸ ਕਾਰਨ ਅਧਿਕਾਰੀਆਂ/ਕਰਮਚਾਰੀਆਂ ਦਾ ਮਜ਼ਬੂਰਨ ਉਡੀਕ ਸਮਾਂ ਰੈਗੂਲਰਾਈਜ਼ ਕਰਨ ਸਬੰਧੀ ਤਜਵੀਜ਼ਾਂ ਭੇਜੀਆਂ ਜਾ ਰਹੀਆਂ ਹਨ।

2. ਕਰਮਚਾਰੀਆਂ ਦੀ ਪੱਦ ਉਨਤੀ ਹੋਣ ਉਪਰੰਤ ਦੇਰੀ ਨਾਲ ਤੈਨਾਤੀ ਹੋਣ ਕਾਰਨ ਸਰਕਾਰੀ ਕੰਮ ਦਾ ਹਰਜਾ ਹੁੰਦਾ ਹੈ ਅਤੇ ਨਾਲ ਹੀ ਸਰਕਾਰ ਨੂੰ ਵਿੱਤੀ ਨੁਕਸਾਨ ਵੀ ਹੁੰਦਾ ਹੈ। ਇਸ ਲਈ ਵਿੱਤ ਵਿਭਾਗ ਵੱਲੋਂ ਫੈਸਲਾ ਲਿਆ ਗਿਆ ਹੈ ਕਿ ਅਧਿਕਾਰੀ/ ਕਰਮਚਾਰੀ ਦੀ ਤੈਨਾਤੀ ਸਬੰਧੀ ਫੈਸਲਾ ਲੈਣ ਉਪਰੰਤ ਹੀ ਤਰੱਕੀ ਦੇ ਹੁਕਮ ਜਾਰੀ ਕੀਤੇ ਜਾਣ।

3. ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

**ਵਿਸ਼ਵਾਸਪਾਤਰ**

ਸ਼ਰੋਜ

**(ਅਧੀਨ ਸਕੱਤਰ, ਵਿੱਤ)**

**ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-**

1) **ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।**
1) **ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ), ਪੰਜਾਬ, ਚੰਡੀਗੜ੍ਹ।**

ਸ਼ਰੋਜ

**(ਅਧੀਨ ਸਕੱਤਰ, ਵਿੱਤ)**

**ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-**

2) **ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।**
3) **ਰੈਜ਼ੀਡੈਂਟ ਕਮਿਸ਼ਨਰ, ਪੰਜਾਬ ਭਵਨ, ਕਾਪਰਨਿਕਸ ਮਾਰਗ, ਨਵੀਂ ਦਿੱਲੀ।**

ਸ਼ਰੋਜ

**(ਅਧੀਨ ਸਕੱਤਰ, ਵਿੱਤ)**